# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਕਿ ਸਰਕਾਰ ਇੱਕ ਗਤੀਸ਼ੀਲ ਵਿਵਸਥਾ ਬਣਾਉਣ 'ਤੇ ਧਿਆਨ ਕੇਂਦਰਿਤ ਕਰਨਾ ਜਾਰੀ ਰੱਖੇਗੀ ਜਿੱਥੇ ਹਰੇਕ ਉਭਰਦੇ ਉੱਦਮੀ ਨੂੰ ਕਰਜ਼ਾ ਲੈਣ ਦੀ ਸਹੂਲਤ ਮੁਹੱਈਆ ਹੋਵੇ ਅਤੇ ਉਹ ਭਰੋਸੇ ਨਾਲ ਅੱਗੇ ਵਧ ਸਕੇ। ਪ੍ਰਧਾਨ ਮੰਤਰੀ ਮੁਦਰਾ ਯੋਜਨਾ ਦੀ ਦਸਵੀਂ ਵਰ੍ਹੇਗੰਢ ਦੇ ਮੌਕੇ 'ਤੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਇਸ ਯੋਜਨਾ ਨੇ ਬਹੁਤ ਸਾਰੇ ਲੋਕਾਂ ਦੇ ਸੁਪਨੇ ਸਾਕਾਰ ਕੀਤੇ ਨੇ। ਇਸ ਯੋਜਨਾ ਨੇ ਉਨ੍ਹਾਂ ਲੋਕਾਂ ਨੂੰ ਸਸ਼ਕਤ ਬਣਾਇਆ ਏ ਜਿਨ੍ਹਾਂ ਨੂੰ ਪਹਿਲਾਂ ਨਜ਼ਰਅੰਦਾਜ਼ ਕੀਤਾ ਗਿਆ ਸੀ ਅਤੇ ਉਨ੍ਹਾਂ ਨੂੰ ਵਿੱਤੀ ਸਹਾਇਤਾ ਨਾਲ ਅੱਗੇ ਵਧਣ ਦਾ ਮੌਕਾ ਦਿੱਤਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਮੁਦਰਾ ਯੋਜਨਾ ਦੇ 50 ਫੀਸਦ ਲਾਭਪਾਤਰੀ ਪੱਟੀਦਰਜ ਜਾਤਾਂ, ਪੱਟੀਦਰਜ ਕਬੀਲੇ ਅਤੇ ਹੋਰ ਪੱਛੜੇ ਵਰਗ ਨੇ।

ਇਸ ਯੋਜਨਾ ਦੇ 70 ਫੀਸਦ ਲਾਭਪਾਤਰੀ ਔਰਤਾਂ ਨੇ। ਉਨ੍ਹਾਂ ਕਿਹਾ ਕਿ ਹਰੇਕ ਮੁਦਰਾ ਕਰਜ਼ਾ ਆਤਮ-ਸਨਮਾਨ, ਮਾਣ ਅਤੇ ਮੌਕਾ ਲਿਆਉਂਦਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿੱਤੀ ਸਮਾਵੇਸ਼ ਤੋਂ ਇਲਾਵਾ, ਇਸ ਯੋਜਨਾ ਨੇ ਸਮਾਜਿਕ ਸਮਾਵੇਸ਼ ਅਤੇ ਆਰਥਿਕ ਸੁਤੰਤਰਤਾ ਨੂੰ ਵੀ ਯਕੀਨੀ ਬਣਾਇਆ ਏ। ਪ੍ਰਧਾਨ ਮੰਤਰੀ ਨੇ ਆਪਣੀ ਰਿਹਾਇਸ਼ 'ਤੇ ਇਸ ਯੋਜਨਾ ਦੇ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਕਿਹਾ ਕਿ ਮੁਦਰਾ ਯੋਜਨਾ ਨੇ ਅਣਗਿਣਤ ਲੋਕਾਂ ਨੂੰ ਆਪਣੇ ਉੱਦਮੀ ਹੁਨਰ ਦਾ ਪ੍ਰਦਰਸ਼ਨ ਕਰਨ ਦੇ ਮੌਕੇ ਪ੍ਰਦਾਨ ਕੀਤੇ ਨੇ। ਇਸ ਯੋਜਨਾ ਦੇ ਤਹਿਤ, ਦੇਸ਼ ਭਰ ਵਿੱਚ ਬਿਨਾਂ ਕਿਸੇ ਗਰੰਟੀ ਦੇ 33 ਲੱਖ ਕਰੋੜ ਰੁਪਏ ਦਾ ਕਰਜ਼ਾ ਮੁਹੱਈਆ ਕਰਵਾਇਆ ਗਿਆ ਏ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਦੇਸ਼ ਦੇ ਹਰ ਆਮ ਨਾਗਰਿਕ ਨੂੰ ਵਿਸ਼ਵਾਸ ਨਾਲ ਭਰਨਾ ਏ।

-------------------------------------------------------

ਪੰਜਾਬ ਦੇ ਜਲੰਧਰ ਵਿੱਚ ਬੀਤੀ ਦੇਰ ਰਾਤ ਬੀ.ਜੇ.ਪੀ. ਦੇ ਸੀਨੀਅਰ ਨੇਤਾ ਅਤੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ 'ਤੇ ਗ੍ਰਨੇਡ

ਵਰਗੀ ਚੀਜ਼ ਸੁੱਟੀ ਗਈ। ਸ਼੍ਰੀ ਕਾਲੀਆ ਉਸ ਸਮੇਂ ਘਰ ਵਿਚ ਹੀ ਸਨ ਤੇ ਉਹ ਵਾਲ-ਵਾਲ ਬਚ ਗਏ। ਜਲੰਧਰ ਤੋਂ ਸਾਡੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਸ਼੍ਰੀ ਕਾਲੀਆ ਨੇ ਕਿਹਾ ਕਿ ਸੀਸੀਟੀਵੀ ਫੁਟੇਜ ਦੇ ਅਨੁਸਾਰ ਹਮਲਾਵਰ ਇੱਕ ਈ-ਰਿਕਸ਼ਾ 'ਤੇ ਆਇਆ ਅਤੇ ਉਨ੍ਹਾਂ ਦੇ ਘਰ 'ਤੇ ਗ੍ਰਨੇਡ ਵਰਗੀ ਚੀਜ਼ ਸੁੱਟ ਕੇ ਫਰਾਰ ਹੋ ਗਿਆ। ਧਮਾਕੇ ਤੋਂ ਬਾਅਦ ਜਲੰਧਰ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਪੁਲਿਸ ਟੀਮਾਂ ਨਾਲ ਮੌਕੇ 'ਤੇ ਪਹੁੰਚੇ। ਮਾਮਲੇ ਦੀ ਜਾਂਚ ਹਾਲੇ ਜਾਰੀ ਏ। ਫੋਰੈਂਸਿਕ ਟੀਮਾਂ ਧਮਾਕੇ ਵਿੱਚ ਵਰਤੀ ਗਈ ਸਮੱਗਰੀ ਜਾਂ ਵਸਤੂ ਦਾ ਪਤਾ ਲਗਾਉਣ ਲਈ ਜਾਂਚ ਕਰ ਰਹੀਆਂ ਨੇ। ਪੰਜਾਬ ਦੇ ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਕਿਹਾ ਕਿ ਕੁਝ ਲੋਕਾਂ ਨੂੰ ਪੰਜਾਬ ਵਿਚ ਬਰਕਰਾਰ ਸ਼ਾਂਤੀ ਹਜ਼ਮ ਨਹੀਂ ਹੋ ਰਹੀ ਅਤੇ ਉਹ ਇਸ ਨੂੰ ਭੰਗ ਕਰਨ ਦੀਆਂ ਕੋਝੀਆਂ ਕੋਸ਼ਿਸ਼ਾਂ ਕਰ ਰਹੇ ਨੇ। ਉਨ੍ਹਾਂ ਪਾਕਿਸਤਾਨ ਵਿਚ ਬੈਠੇ ਕੁਝ ਅਨਸਰਾਂ ਦੇ ਇਸ ਧਮਾਕੇ ਵਿਚ ਹੱਥ ਹੋਣ ਵੱਲ ਵੀ ਇਸ਼ਾਰਾ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਇਸ ਬਾਰੇ ਪੂਰੀ ਤਫ਼ਤੀਸ਼ ਕੀਤੀ ਜਾ ਰਹੀ ਏ। ਉਧਰ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੰਮ੍ਰਿਤਸਰ ਵਿਖੇ ਕਿਹਾ ਕਿ ਦੇਸ਼

ਅਪਰਾਧੀਆਂ ਨਾਲ ਸਖ਼ਤੀ ਨਾਲ ਨਿਪਟ ਰਿਹਾ ਏ। ਉਨਾਂ ਕਿਹਾ ਕਿ ਇਸ ਹਮਲੇ ਵਿਚ ਪੁਲਿਸ ਤਫ਼ਤੀਸ਼ ਕਰ ਰਹੀ ਏ।

-----------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਬੀਤੇ 5 ਦਿਨਾਂ ਤੋਂ ਨਸ਼ੇ ਦੇ ਖਿਲਾਫ਼ ਪੈਦਲ ਮਾਰਚ ਕਰ ਰਹੇ ਨੇ। ਅੱਜ ਇਸ ਮੁਹਿੰਮ ਦੇ ਛੇਵੇਂ ਅਤੇ ਆਖਰੀ ਦਿਨ ਅੰਮ੍ਰਿਤਸਰ ਦੇ ਭੰਡਾਰੀ ਪੁੱਲ ਤੋਂ ਪੈਦਲ ਮਾਰਚ ਕਰਦੇ ਹੋਏ ਉਹ ਜਲ੍ਹਿਆਂਵਾਲਾ ਬਾਗ ਪਹੁੰਚੇ। ਇਸ ਦੌਰਾਨ ਉਹਨਾਂ ਦੇ ਨਾਲ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀ ਸਮਾਜਸੇਵੀ ਸੰਸਥਾਵਾਂ ਅਤੇ ਕਈ ਭਾਜਪਾ ਆਗੂ ਵੀ ਮੌਜੂਦ ਰਹੇ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਰਾਜਪਾਲ ਨੇ ਕਿਹਾ ਕਿ ਉਹਨਾਂ ਵੱਲੋਂ ਨਸ਼ੇ ਦੇ ਖਿਲਾਫ਼ ਲਾਮਬੰਦ ਹੋਣ ਦੀ ਇੱਕ ਸ਼ੁਰੂਆਤ ਕੀਤੀ ਗਈ ਏ ਅਤੇ ਇਹ ਪੈਦਲ ਮਾਰਚ ਉਹਨਾਂ ਦਾ ਇਕੱਲਿਆਂ ਦਾ ਨਹੀਂ ਸਾਰੇ ਪੰਜਾਬ ਦਾ ਹੈ ਅਤੇ ਉਹ ਦਿਲੋਂ ਚਾਹੁੰਦੇ ਨੇ ਕਿ ਪੰਜਾਬ ’ਚੋਂ ਨਸ਼ਾ ਖ਼ਤਮ ਹੋਵੇ। ਉਹਨਾਂ ਕਿਹਾ ਕਿ ਪਿਛਲੇ ਚਾਰ ਦਿਨਾਂ ਤੋਂ ਅੰਮ੍ਰਿਤਸਰ ਵਿੱਚ ਉਹਨਾਂ ਨੂੰ ਬਹੁਤ ਹੀ ਭਰਵਾ ਹੁੰਗਾਰਾ ਮਿਲਿਆ ਏ ਅਤੇ ਲੋਕ ਖੁਦ ਨਸ਼ੇ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਉਹਨਾਂ

ਦਾ ਸਹਿਯੋਗ ਕਰ ਰਹੇ ਨੇ। ਉਹਨਾਂ ਨਾਲ ਅੱਜ ਭਾਜਪਾ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੇ ਵੀ ਪੈਦਲ ਮਾਰਚ ਵਿਚ ਹਿੱਸਾ ਲਿਆ ਅਤੇ ਕਿਹਾ ਕਿ ਰਾਜਪਾਲ ਵੱਲੋਂ ਇਹ ਇੱਕ ਵਧੀਆ ਉਪਰਾਲਾ ਕੀਤਾ ਗਿਆ ਏ।

-----------------------------------------------------

ਕੇਂਦਰੀ ਸਿਹਤ ਮੰਤਰਾਲੇ ਨੇ ਆਯੁਸ਼ਮਾਨ ਬੀਮਾ ਯੋਜਨਾ ਤਹਿਤ ਪੰਜਾਬ ਰਾਜ ਸਿਹਤ ਏਜੰਸੀ ਦੀ ਬਕਾਇਆ ਰਾਸ਼ੀ ਜਾਰੀ ਕਰਨ ਲਈ ਸਹਿਮਤੀ ਦੇ ਦਿੱਤੀ ਏ । ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ, ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਭਰੋਸਾ ਦਿੱਤਾ ਕਿ ਕੁਝ ਰਸਮੀ ਕਾਰਵਾਈਆਂ ਪੂਰੀਆਂ ਕਰਨ ਤੋਂ ਬਾਅਦ, ਇਸ ਯੋਜਨਾ ਦੇ ਸਫਲਤਾਪੂਰਵਕ ਸੰਚਾਲਨ ਲਈ ਲਗਭਗ 50 ਕਰੋੜ ਰੁਪਏ ਜਾਰੀ ਕੀਤੇ ਜਾਣਗੇ। ਡਾ. ਬਲਬੀਰ ਸਿੰਘ ਨੇ ਕਿਹੈ ਕਿ ਕੇਂਦਰੀ ਸਿਹਤ ਮੰਤਰੀ ਨੇ ਵੈਧ ਨੁਸਖ਼ੇ ਤੋਂ ਬਿਨਾਂ ਪਾਬੰਦੀਸ਼ੁਦਾ ਮਨੋਰੋਗ ਦਵਾਈਆਂ ਵੇਚਣ ਵਾਲੀਆਂ ਈ-ਫਾਰਮੇਸੀਆਂ 'ਤੇ ਸਖ਼ਤ ਨਿਯਮ ਲਾਗੂ ਕਰਨ ਬਾਰੇ ਉਨ੍ਹਾਂ ਦੀ ਤਜਵੀਜ਼ ਨਾਲ ਸਹਿਮਤੀ ਪ੍ਰਗਟਾਈ ਏ । ਡਾ. ਬਲਬੀਰ ਸਿੰਘ ਨੇ ਸ਼੍ਰੀ

ਨੱਡਾ ਨੂੰ ਡਰੱਗਜ਼ ਰੂਲਜ਼, 1945 ਦੇ ਸ਼ਡਿਊਲ H-1 ਵਿੱਚ ਪ੍ਰੀਗਾਬਾਲਿਨ ਅਤੇ ਟੈਪੈਂਟਾਡੋਲ ਨੂੰ ਸ਼ਾਮਲ ਕਰਨ ਦੀ ਅਪੀਲ ਕੀਤੀ।

-------------------------------------------------------------

ਪੰਜਾਬ ਅਤੇ ਚੰਡੀਗੜ੍ਹ ਵਿੱਚ ਗਰਮੀ ਵੱਧ ਗਈ ਏ। ਇਸ ਦੇ ਨਾਲ ਹੀ ਅੱਜ ਮੌਸਮ ਵਿਭਾਗ ਨੇ 17 ਜ਼ਿਲ੍ਹਿਆਂ 'ਚ ਕੁੱਝ ਥਾਵਾਂ 'ਤੇ ਲੂ ਚੱਲਣ ਦਾ ਯੈਲੋ ਅਲਰਟ ਜਾਰੀ ਕੀਤਾ ਏ। ਮੁੱਖ ਤੌਰ 'ਤੇ ਕਪੂਰਥਲਾ, ਜਲੰਧਰ, ਫਿਰੋਜ਼ਪੁਰ, ਮੋਗਾ, ਲੁਧਿਆਣਾ, ਮੋਹਾਲੀ, ਰੂਪਨ ਗਰ, ਫਤਿਹਗੜ੍ਹਸਾਹਿਬ, ਫਾਜ਼ਿਲਕਾ, ਮੁਕਤਸਰ, ਬਠਿੰਡਾ, ਮਾਨਸਾ, ਪ ਟਿਆਲਾ ਅਤੇ ਸੰਗਰੂਰ 'ਚ ਲੂ ਚੱਲਣ ਦੀ ਸੰਭਾਵਨਾ ਏ । ਹਾਲਾਂਕਿ, ਅੱਜ ਤੋਂ ਪੱਛਮੀ ਗੜਬੜੀ ਵੀ ਸਰਗਰਮ ਹੋਵੇਗੀ ਜਿਸ ਕਾਰਨ ਹਿਮਾਲਾ ਨਾਲ ਲੱਗਦੇ ਇਲਾਕਿਆਂ ਦਾ ਮੌਸਮ ਪ੍ਰਭਾਵਿਤ ਹੋਵੇਗਾ। ਮੌਸਮ ਵਿਭਾਗ ਅਨੁਸਾਰ ਅਗਲੇ ਦੋ-ਤਿੰਨ ਦਿਨਾਂ ਵਿੱਚ ਤਾਪਮਾਨ 2 ਤੋਂ 4 ਡਿਗਰੀ ਤੱਕ ਵਧੇਗਾ। ਹਾਲਾਂਕਿ ਇਸ ਤੋਂ ਬਾਅਦ ਤਾਪਮਾਨ 'ਚ ਗਿਰਾਵਟ ਦਰਜ ਕੀਤੀ ਜਾਵੇਗੀ।